ਪੰਜਾਬ ਸਰਕਾਰ
ਸਿੰਚਾਈ ਵਿਭਾਗ
(ਸਿੰਚਾਈ ਪ੍ਰਸੋਨਲ-2 ਸਾਖਾ)

ਕੰਪਿਊਟਰ ਸੈਲ ਸਿੰਚਾਈ ਵਿਭਾਗ ਪੰਜਾਬ
ਚੰਡੀਗੜ੍ਹ
ਡਾਇਰੀ ਨੰ 253/C.C. ਮਿਤੀ 2/9/15

ਪੰਜਾਬ ਦੇ ਰਾਜਪਾਲ ਜੀ ਦੇ ਹੁਕਮ

ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ, ਸਿੰਚਾਈ ਵਿਭਾਗ, ਪੰਜਾਬ ਨੂੰ ਸਰਕਾਰ ਦੇ ਪੱਤਰ ਨੰ: 5/19/2012-2ਸਿੰ:ਪ੍ਰੋ:2/215699/1, ਮਿਤੀ 8.5.2014 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮ 1970 ਦੇ ਨਿਯਮ 8 ਅਧੀਨ ਹੇਠ ਲਿਖੇ ਦੋਸ਼ਾਂ ਕਾਰਨ ਦੋਸ ਸੂਚੀ ਜਾਰੀ ਕੀਤੀ ਗਈ ਸੀ:-

1) ਆਪ ਵੱਲੋਂ ਸ੍ਰੀ ਅਮਰੀਕ ਸਿੰਘ, ਸੀਨੀਅਰ ਸਹਾਇਕ ਨੂੰ ਭਾਖੜਾ ਬਿਆਸ ਪ੍ਰਬੰਧ ਬੋਰਡ, ਚੰਡੀਗੜ੍ਹ ਦੀ ਡਿਸਪੋਜਲ ਤੇ ਪੰਜਾਬ ਕੋਟੇ ਦੀ ਸੀਨੀਅਰ ਸਹਾਇਕ ਦੀ ਖਾਲੀ ਆਸਾਮੀਂ ਵਿਰੁੱਧ ਉਚ ਅਧਿਕਾਰੀਆਂ ਨੂੰ ਸਹੀ ਸਥਿਤੀ ਨਾ ਦੱਸਦੇ ਹੋਏ ਉਸਦੀ ਪੋਸਟਿੰਗ ਦੇ ਹੁਕਮ ਜਾਰੀ ਕਰਨ ਲਈ ਉਚ ਅਧਿਕਾਰੀਆਂ ਤੋਂ ਪ੍ਰਵਾਨਗੀ ਪ੍ਰਾਪਤ ਕੀਤੀ ਗਈ ।

2) ਬਤੌਰ ਸੁਪਰਡੰਟ ਗਰੇਡ -1 ਆਪਣੀ ਡਿਊਟੀ ਨਿਭਾਉਂਣ ਵਿੱਚ ਅਣਗਹਿਲੀ ਵਰਤਣਾ।

2. ਉਕਤ ਦੋਸ਼ਾਂ ਸਬੰਧੀ ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ ਵੱਲੋਂ ਸਰਕਾਰ ਨੂੰ ਮਿਤੀ 06.8.2014 ਨੂੰ ਆਪਣਾ ਜਵਾਬ ਪੇਸ਼ ਕੀਤਾ ਗਿਆ, ਜਿਸ ਨੂੰ ਤਸੱਲੀਬਖਸ਼ ਨਾ ਪਾਏ ਤੇ ਸ੍ਰੀ ਬੀ.ਸੀ.ਗੁਪਤਾ, ਵਧੀਕ ਜਿਲ੍ਹਾ ਅਤੇ ਸ਼ੈਸ਼ਨ ਜੱਜ (ਰਿਟਾਇਰਡ) ਨੂੰ ਸਰਕਾਰ ਦੇ ਪੱਤਰ ਮਿਤੀ 18.9.2014 ਰਾਹੀ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ।

3. ਸ੍ਰੀ ਬੀ.ਸੀ.ਗੁਪਤਾ, ਵਧੀਕ ਜਿਲ੍ਹਾ ਅਤੇ ਸ਼ੈਸ਼ਨ ਜੱਜ (ਰਿਟਾਇਰਡ) ਪੜਤਾਲੀਆ ਅਫਸਰ ਵੱਲੋਂ ਮਿਤੀ 20.5.2015 ਨੂੰ ਪੜਤਾਲ ਰਿਪੋਰਟ ਸਰਕਾਰ ਨੂੰ ਸੌਂਪਦੇ ਹੋਏ ਉਨ੍ਹਾਂ ਵੱਲੋਂ ਇਸ ਅਧਿਕਾਰੀ ਵਿਰੁੱਧ ਦੋਸ਼ ਸੂਚੀ ਵਿੱਚ ਲਗਾਏ ਗਏ ਸਮੂਹ ਦੋਸ਼ਾਂ ਨੂੰ ਸਿੱਧ ਕੀਤਾ ਗਿਆ ਸੀ।

4. ਪੜਤਾਲੀਆ ਅਫਸਰ ਵੱਲੋਂ ਸਰਕਾਰ ਨੂੰ ਪੇਸ਼ ਕੀਤੀ ਪੜਤਾਲ ਰਿਪੋਰਟ ਦੀ ਕਾਪੀ ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ ਨੂੰ ਸਰਕਾਰ ਦੇ ਪੱਤਰ ਨੰ: 5/19/2012-5ਸਿੰ:ਪ੍ਰੋ:2/379, ਮਿਤੀ 1.6.2015 ਰਾਹੀਂ ਭੇਜਕੇ ਉਨ੍ਹਾਂ ਦਾ ਸਪਸ਼ਟੀਕਰਨ ਮੰਗਿਆ ਸੀ।

5. ਇਸ ਅਧਿਕਾਰੀ ਵੱਲੋਂ ਪੜਤਾਲ ਰਿਪੋਰਟ ਸਬੰਧੀ ਆਪਣਾ ਸਪਸ਼ਟੀਕਰਨ ਸਰਕਾਰ ਨੂੰ ਮਿਤੀ 1.07.2015 ਨੂੰ ਪੇਸ਼ ਕੀਤਾ ਗਿਆ ਜਿਸ ਨੂੰ ਵਿਚਾਰਨ ਅਤੇ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਮਾਨਯੋਗ ਸਕੱਤਰ ਸਿੰਚਾਈ ਜੀ ਵੱਲੋਂ ਇਸ ਅਧਿਕਾਰੀ ਨੂੰ ਆਪਣਾ ਪੱਖ ਰੱਖਣ ਲਈ ਮਿਤੀ 19.8.2015 ਨੂੰ ਨਿੱਜੀ ਸੁਣਵਾਈ ਦਾ ਮੌਕਾ ਦਿੱਤਾ ਗਿਆ ਸੀ ।

6. ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ ਨੂੰ ਜਾਰੀ ਕੀਤੀ ਦੋਸ਼ ਸੂਚੀ, ਉਸ ਵੱਲੋਂ ਦੋਸ ਸੂਚੀ ਸਬੰਧੀ ਦਿੱਤੇ ਗਏ ਜਵਾਬ, ਪੜਤਾਲ ਰਿਪੋਰਟ, ਉਸ ਵੱਲੋਂ ਨਿੱਜੀ ਸੁਣਵਾਈ ਸਮੇਂ ਮਾਨਯੋਗ ਸਕੱਤਰ ਸਿੰਚਾਈ ਜੀ ਦੇ ਸਨਮੁੱਖ ਪੇਸ਼ ਕੀਤੀ ਸ਼ਹਾਦਤ ਅਤੇ ਕੇਸ ਤੇ ਆਏ ਸਾਰੇ ਤੱਥਾਂ ਨੂੰ ਗਹੁ ਨਾਲ ਵਿਚਾਰਨ ਉਪਰੰਤ ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ ਨੂੰ ਜਾਰੀ ਕੀਤੀ ਦੋਸ ਸੂਚੀ ਨੂੰ ਠੱਪ ਕਰਦੇ ਹੋਏ ਅੱਗੇ ਤੋਂ ਸੁਚੇਤ ਰਹਿਣ ਦੀ ਤਾਕੀਦ ਕੀਤੀ ਜਾਂਦੀ ਹੈ।

ਮਿਤੀ,ਚੰਡੀਗੜ੍ਹ:
26-8-2015

ਕਾਹਨ ਸਿੰਘ ਪੰਨੂੰ
ਸਕੱਤਰ, ਪੰਜਾਬ ਸਰਕਾਰ
ਸਿੰਚਾਈ ਵਿਭਾਗ

ਪਿੱਠ ਅੰਕਣ ਨੰ:5/19/2012-5ਸਿੰ:ਪ੍ਰੋ:2/ 578212/3 ਮਿਤੀ,ਚੰਡੀਗੜ੍ਹ: 1/9/15

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ

2) ਮੁੱਖ ਇੰਜੀਨੀਅਰ/ਚੌਕਸੀ ਅਤੇ ਕੁਆਲਟੀ ਕੰਟਰੋਲ, ਸਿੰਚਾਈ ਵਿਭਾਗ, ਪੰਜਾਬ, ਚੰਡੀਗੜ੍ਹ।

3) ਕਾਰਜਕਾਰੀ ਇੰਜੀਨੀਅਰ-ਕਮ-ਇੰਚਾਰਜ ਕੰਪਿਊਟਰ ਸੈਲ, ਮੁੱਖ ਦਫਤਰ ਮੁੱਖ ਇੰਜੀਨੀਅਰ/ਨਹਿਰਾਂ, ਸਿੰਚਾਈ ਵਿਭਾਗ, ਪੰਜਾਬ,ਚੰਡੀਗੜ੍ਹ।

4) ਸ੍ਰੀ ਜਸਵਿੰਦਰ ਸਿੰਘ, ਰਜਿਸਟਰਾਰ, ਮਾਰਫਤ ਮੁੱਖ ਇੰਜੀਨੀਅਰ/ਨਹਿਰਾਂ, ਸਿੰਚਾਈ ਵਿਭਾਗ, ਪੰਜਾਬ,ਚੰਡੀਗੜ੍ਹ।

ਅਧੀਨ ਸਕੱਤਰ ਸਿੰਚਾਈ